**ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ ॥ ਜੋਤੀ ਜੋਤਿ ਰਲੀ ਸੰਪੂਰਨੁ ਥੀਆ ਰਾਮ ॥ ਬ੍ਰਹਮੁ ਦੀਸੈ ਬ੍ਰਹਮੁ ਸੁਣੀਐ ਏਕੁ ਏਕੁ ਵਖਾਣੀਐ ॥ ਆਤਮ ਪਸਾਰਾ ਕਰਣਹਾਰਾ ਪ੍ਰਭ ਬਿਨਾ ਨਹੀ ਜਾਣੀਐ ॥ ਆਪਿ ਕਰਤਾ ਆਪਿ ਭੁਗਤਾ ਆਪਿ ਕਾਰਣੁ ਕੀਆ ॥ ਬਿਨਵੰਤਿ ਨਾਨਕ ਸੇਈ ਜਾਣਹਿ ਜਿਨ੍ਹ੍ਹੀ ਹਰਿ ਰਸੁ ਪੀਆ ॥੪॥੨॥ {ਪੰਨਾ 846}**

ਪਦਅਰਥ:- ਮਿਲੇ—ਮਿਲਿ, ਮਿਲ ਕੇ। ਸੂਰਜ ਕਿਰਣਿ ਮਿਲੇ—ਸੂਰਜ ਦੀ ਕਿਰਣ ਨਾਲ ਮਿਲ ਕੇ। ਸੰਪੂਰਨੁ ਥੀਆ—ਸਾਰੇ ਗੁਣਾਂ ਦੇ ਮਾਲਕ ਪ੍ਰਭੂ ਦਾ ਰੂਪ ਹੋ ਜਾਂਦਾ ਹੈ। ਦੀਸੈ—ਦਿੱਸਦਾ ਹੈ (ਹਰ ਪਾਸੇ)। ਸੁਣੀਐ—(ਹਰੇਕ ਵਿਚ ਬੋਲਦਾ) ਉਸ ਨੂੰ ਸੁਣਿਆ ਜਾਂਦਾ ਹੈ। ਵਖਾਣੀਐ—ਜ਼ਿਕਰ ਹੋ ਰਿਹਾ ਹੁੰਦਾ ਹੈ। ਪਸਾਰਾ—ਖਿਲਾਰਾ, ਪਰਕਾਸ਼। ਕਾਰਣੁ ਕੀਆ—(ਜਗਤ ਦਾ) ਮੁੱਢ ਬੱਧਾ। ਸੇਈ—ਉਹੀ ਬੰਦੇ। ਜਾਣਹਿ—ਜਾਣਦੇ ਹਨ।4।

ਅਰਥ:- ਹੇ ਭਾਈ! (ਜਿਵੇਂ) ਸੂਰਜ ਦੀ ਕਿਰਣ ਨਾਲ ਮਿਲ ਕੇ (ਬਰਫ਼ ਤੋਂ) ਪਾਣੀ ਦਾ ਪਾਣੀ ਬਣ ਜਾਂਦਾ ਹੈ (ਸੂਰਜ ਦੇ ਨਿੱਘ ਨਾਲ ਬਰਫ਼-ਬਣੇ ਪਾਣੀ ਦੀ ਕਠੋਰਤਾ ਖ਼ਤਮ ਹੋ ਜਾਂਦੀ ਹੈ), (ਤਿਵੇਂ ਸਿਫ਼ਤਿ-ਸਾਲਾਹ ਦੀ ਬਰਕਤ ਨਾਲ ਜੀਵ ਦੇ ਅੰਦਰੋਂ ਰੁੱਖਾ-ਪਨ ਮੁੱਕ ਕੇ ਜੀਵ ਦੀ) ਜਿੰਦ ਪਰਮਾਤਮਾ ਦੀ ਜੋਤਿ ਨਾਲ ਇਕ-ਮਿਕ ਹੋ ਜਾਂਦੀ ਹੈ, ਜੀਵ ਸਾਰੇ ਗੁਣਾਂ ਦੇ ਮਾਲਕ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ। (ਤਦੋਂ ਉਸ ਨੂੰ ਹਰ ਥਾਂ) ਪਰਮਾਤਮਾ ਹੀ (ਵੱਸਦਾ) ਨਜ਼ਰੀਂ ਆਉਂਦਾ ਹੈ, (ਹਰੇਕ ਵਿਚ) ਪਰਮਾਤਮਾ ਹੀ (ਬੋਲਦਾ ਉਸ ਨੂੰ) ਸੁਣੀਦਾ ਹੈ (ਉਸ ਨੂੰ ਇਉਂ ਜਾਪਦਾ ਹੈ ਕਿ ਹਰ ਥਾਂ) ਇਕ ਪਰਮਾਤਮਾ ਦਾ ਹੀ ਜ਼ਿਕਰ ਹੋ ਰਿਹਾ ਹੈ। (ਉਸ ਨੂੰ ਹਰ ਥਾਂ) ਸਿਰਜਣਹਾਰ ਦੀ ਆਤਮਾ ਦਾ ਹੀ ਖਿਲਾਰਾ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਉਹ ਕਿਸੇ ਹੋਰ ਨੂੰ ਕਿਤੇ ਨਹੀਂ ਪਛਾਣਦਾ (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਆਪ (ਹੀ ਸਭ ਨੂੰ) ਪੈਦਾ ਕਰਨ ਵਾਲਾ ਹੈ, (ਜੀਵਾਂ ਵਿਚ ਵਿਆਪਕ ਹੋ ਕੇ) ਆਪ (ਹੀ ਸਾਰੇ ਰੰਗ) ਮਾਣ ਰਿਹਾ ਹੈ, ਉਹ ਆਪ ਹੀ ਹਰੇਕ ਕੰਮ ਦੀ ਪ੍ਰੇਰਨਾ ਕਰ ਰਿਹਾ ਹੈ।

(ਪਰ) ਨਾਨਕ ਬੇਨਤੀ ਕਰਦਾ ਹੈ (ਕਿ ਇਸ ਅਵਸਥਾ ਨੂੰ) ਉਹੀ ਮਨੁੱਖ ਸਮਝਦੇ ਹਨ, ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ।4।2।